# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 29-03-2026**

*ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ*

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਆਕਾਸ਼ਵਾਣੀ ‘ਤੇ "ਮਨ ਕੀ ਬਾਤ" ਪ੍ਰੋਗਰਾਮ ‘ਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਪੱਛਮੀ ਏਸ਼ੀਆ ਦੀ ਸਥਿਤੀ 'ਤੇ ਚਿੰਤਾ ਜ਼ਾਹਿਰ ਕੀਤੀ- ਉਨ੍ਹਾਂ ਲੋਕਾਂ ਨੂੰ ਸਮੂਹਿਕ ਤੌਰ 'ਤੇ ਇਸ ਚੁਣੌਤੀ ਦਾ ਸਾਹਮਣਾ ਕਰਨ ਦੀ ਕੀਤੀ ਅਪੀਲ।
- ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਕਿਹਾ -ਹਲਵਾਰਾ ਹਵਾਈ ਅੱਡੇ ਤੋਂ ਉਡਾਣਾਂ 10 ਤੋਂ 15 ਮਈ ਦਰਮਿਆਨ ਸ਼ੁਰੂ ਹੋਣ ਦੀ ਉਮੀਦ I
- ਏਕ ਭਾਰਤ ਸ਼੍ਰੇਸ਼ਠ ਭਾਰਤ' ਤਹਿਤ ਕਸ਼ਮੀਰ ਦੇ ਛੇ ਜ਼ਿਲ੍ਹਿਆਂ ਤੋਂ ਨੌਜਵਾਨਾਂ ਨੂੰ ਪੰਜਾਬੀ ਸੱਭਿਆਚਾਰ ਤੋਂ ਜਾਣੂ ਕਰਵਾਉਣ ਲਈ, ਕਸ਼ਮੀਰ ਯੂਥ ਐਕਸਚੇਂਜ ਪ੍ਰੋਗਰਾਮ" ਦਾ ਆਯੋਜਨ।

- ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸਾਬਕਾ ਕੈਬਨਿਟ ਮੰਤਰੀ ਲਾਲ ਸਿੰਘ ਦਾ ਅੰਤਿਮ ਸਸਕਾਰ ਅੱਜ ਪਟਿਆਲਾ ਵਿਖੇ ਸਰਕਾਰੀ ਸਨਮਾਨਾਂ ਨਾਲ ਕੀਤਾ ਗਿਆ I
- IPL ਕ੍ਰਿਕਟ ਵਿੱਚ, ਮੁੰਬਈ ਇੰਡੀਅਨਜ਼ ਦਾ ਮੁਕਾਬਲਾ ਅੱਜ ਸ਼ਾਮ ਸਾਢੇ 7 ਵਜੇ ਕੋਲਕਾਤਾ ਨਾਈਟ ਰਾਈਡਰਜ਼ ਨਾਲ ਹੋਵੇਗਾ I

-------------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪੱਛਮੀ ਏਸ਼ੀਆ ਦੀ ਸਥਿਤੀ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਪੈਟਰੋਲ ਅਤੇ ਡੀਜ਼ਲ ਦਾ ਸੰਕਟ ਦੁਨੀਆ ਭਰ ਵਿੱਚ ਵੱਧ ਰਿਹਾ ਏ। ਅੱਜ ਆਕਾਸ਼ਵਾਣੀ  'ਤੇ ਆਪਣੇ ਮਨ ਕੀ ਬਾਤ ਪ੍ਰੋਗਰਾਮ ਵਿੱਚ, ਉਨ੍ਹਾਂ ਕਿਹਾ ਕਿ ਮੌਜੂਦਾ ਸਮਾਂ ਚੁਣੌਤੀਪੂਰਨ ਏ ਕਿਉਂਕਿ ਭਾਰਤ ਦੀਆਂ ਊਰਜਾ ਜ਼ਰੂਰਤਾਂ ਦੇ ਇੱਕ ਵੱਡ ਹਿੱਸੇ ਦੀ ਪੂਰਤੀ ਪੱਛਮੀ ਏਸ਼ੀਆ ਤੋਂ ਪੂਰੀ ਹੁੰਦੀ  ਏ। ਉਨ੍ਹਾਂ ਕਿਹਾ ਕਿ ਵਿਸ਼ਵ ਭਾਈਚਾਰੇ ਨਾਲ ਭਾਰਤ ਦੇ ਸਬੰਧਾਂ, ਵੱਖ-ਵੱਖ ਦੇਸ਼ਾਂ ਤੋਂ ਪ੍ਰਾਪਤ ਸਹਿਯੋਗ ਅਤੇ ਪਿਛਲੇ ਦਹਾਕੇ ਦੌਰਾਨ ਭਾਰਤ ਦੇ ਉਭਾਰ ਨੇ ਦੇਸ਼ ਨੂੰ ਇਨ੍ਹਾਂ ਹਾਲਾਤ ਨਾਲ ਨਜਿੱਠਣ ਦੇ ਯੋਗ ਬਣਾਇਆ ਏ। ਸ੍ਰੀ ਮੋਦੀ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ, ਕੋਵਿਡ-19 ਦੇ ਸਮੇਂ ਵਾਂਗ, ਭਾਰਤ ਮੌਜੂਦਾ ਸੰਕਟ 'ਤੇ ਕਾਬੂ ਪਾ ਲਵੇਗਾ। ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਸਮੂਹਿਕ ਤੌਰ 'ਤੇ ਇਸ ਚੁਣੌਤੀ ਦਾ ਸਾਹਮਣਾ ਕਰਨ ਦੀ ਅਪੀਲ ਕੀਤੀ। BYTE:RNU290326

ਪ੍ਰਧਾਨ ਮੰਤਰੀ ਨੇ 'ਗਿਆਨ ਭਾਰਤਮ ਸਰਵੇਖਣ' 'ਤੇ ਚਰਚਾ ਕਰਦਿਆਂ ਲੋਕਾਂ ਨੂੰ ਸਦਾ ਦਿੱਤਾ ਕਿ ਜਿਨ੍ਹਾਂ ਕੋਲ ਹੱਥ-ਲਿਖਤ ਜਾਂ ਇਸ ਬਾਰੇ ਜਾਣਕਾਰੀ ਏ , ਉਹ ਇਸਨੂੰ ਗਿਆਨ ਭਾਰਤਮ ਐਪ 'ਤੇ ਸਾਂਝਾ ਕਰਨ।

BYTE:RNU290326

ਪ੍ਰਧਾਨ ਮੰਤਰੀ ਨੇ ਜ਼ਿਕਰ ਕੀਤਾ ਕਿ ਅੰਮ੍ਰਿਤਸਰ ਦੇ ਅਮਿਤ ਸਿੰਘ ਰਾਣਾ ਨੇ ਗੁਰਮੁਖੀ ਵਿੱਚ ਇੱਕ ਹੱਥ-ਲਿਖਤ ਸਾਂਝੀ ਕੀਤੀ ਏ । ਪ੍ਰਧਾਨ ਮੰਤਰੀ ਨੇ ਕਿਹਾ ਕਿ ਮਾਈ ਭਾਰਤ ਸੰਗਠਨ ਦੇਸ਼ ਦੇ ਨੌਜਵਾਨਾਂ ਨੂੰ ਸਕਾਰਾਤਮਕ ਕੰਮ ਨਾਲ ਜੋੜ ਕੇ ਰਾਸ਼ਟਰ ਨਿਰਮਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਏ । ਉਨ੍ਹਾਂ ਨੇ ਮਾਈ ਭਾਰਤ ਵਲੋਂ ਆਯੋਜਿਤ ਹਾਲ ਹੀ ਵਿੱਚ ਆਯੋਜਿਤ ਬਜਟ ਮੁਕਾਬਲੇ ਬਾਰੇ ਚਰਚਾ ਕਰਦਿਆਂ ਮੋਹਾਲੀ ਦੀ ਰਹਿਣ ਵਾਲੀ ਆਂਚਲ ਵਲੋਂ ਔਰਤਾਂ ਦੀ ਅਗਵਾਈ ਵਾਲੇ ਵਿਕਾਸ ਨੂੰ ਉਤਸ਼ਾਹਿਤ ਕਰਨ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਖੰਡ ਦੀ ਦੇ ਇਸਤੇਮਾਲ ਨੂੰ ਘਟਾਉਣ ਦੀ ਵੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਯਤਨ ਮੋਟਾਪੇ ਅਤੇ ਜੀਵਨ ਸ਼ੈਲੀ ਦੀਆਂ ਬਿਮਾਰੀਆਂ ਨੂੰ ਰੋਕ ਸਕਦੇ ਨੇ । ਪ੍ਰਧਾਨ ਮੰਤਰੀ ਨੇ ਕਿਹਾ ਕਿ ਦੇਸ਼ ਵਿੱਚ ਗਰਮੀਆਂ ਦੇ ਆਉਣ ਨਾਲ, ਪਾਣੀ ਦੀ ਸੰਭਾਲ ਪ੍ਰਤੀ ਆਪਣੀ ਵਚਨਬੱਧਤਾ ਨੂੰ ਨਵਿਆਉਣ ਦਾ ਸਮਾਂ ਆ ਗਿਆ ਏ । ਉਨ੍ਹਾਂ ਕਿਹਾ BYTE:RNU290326

ਆਖਰ ਵਿੱਚ, ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਆਪਣੇ ਆਲੇ-ਦੁਆਲੇ ਦੀਆਂ ਪ੍ਰੇਰਨਾਦਾਇਕ ਕਹਾਣੀਆਂ ਸਾਂਝੀਆਂ ਕਰਦੇ ਰਹਿਣ ਦੀ ਅਪੀਲ ਕੀਤੀ।

---------------------------------------------------------------------------------

ਪਿਛਲੇ ਕਈ ਸਾਲਾਂ ਤੋਂ ਅੰਮ੍ਰਿਤਸਰ ਵਿੱਚ ਰਹਿ ਰਹੇ ਕਾਨਪੁਰ ਦੇ ਅਮਿਤ ਸਿੰਘ ਰਾਣਾ ਨੇ ਗੁਰਮੁਖੀ, ਸੰਸਕ੍ਰਿਤ ਅਤੇ ਕੁਝ ਹੋਰ ਭਾਸ਼ਾਵਾਂ ਵਿੱਚ ਹੱਥ-ਲਿਖਤਾਂ ਨੂੰ ਸੰਭਾਲਣ ਅਤੇ ਬਹਾਲ ਕਰਨ ਬਾਰੇ ਉਨ੍ਹਾਂ ਦੇ ਕੰਮ ਨੂੰ ਵੇਖਣ ਲਈ ਪ੍ਰਧਾਨ ਮੰਤਰੀ ਦਾ ਧੰਨਵਾਦ ਕੀਤਾ । ਪ੍ਰਧਾਨ ਮੰਤਰੀ ਦੇ 'ਮਨ ਕੀ ਬਾਤ' ਦਾ ਹਿੱਸਾ ਬਣਨ 'ਤੇ ਆਕਾਸ਼ਵਾਣੀ ਨਾਲ ਆਪਣੀ ਖੁਸ਼ੀ ਸਾਂਝੀ ਕਰਦੇ ਹੋਏ ਉਨ੍ਹਾਂ ਕਿਹਾ । BYTE:RNU290326

---------------------------------------------------------------------------------

ਓਧਰ ਅੰਮ੍ਰਿਤਸਰ ਵਿੱਚ BJP ਦੇ ਕੌਮੀ ਜਨਰਲ ਸਕੱਤਰ ਤਰੁਨ ਚੁੱਗ ਨੇ ਆਪਣੇ ਦਫਤਰ ਵਿੱਚ ਪ੍ਰਧਾਨ ਮੰਤਰੀ ਦਾ ਰੇਡੀਓ ਪ੍ਰੋਗਰਾਮ "ਮਨ ਕੀ ਬਾਤ" ਸੁਣਿਆ। ਇਸ ਦੌਰਾਨ ਉਨ੍ਹਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਤਰੁਣ ਚੁਗ ਨੇ ਕਿਹਾ ਕਿ ਪ੍ਰਧਾਨ ਮੰਤਰੀ ਨੇ ਆਪਣੇ ਸੰਬੋਧਨ ਦੇਸ਼ਵਾਸੀਆਂ ਨੂੰ ਭਰੋਸਾ ਦਿੱਤਾ ਏ ਕਿ ਭਾਰਤ ਕੋਲ ਪੈਟਰੋਲ, ਡੀਜ਼ਲ ਅਤੇ ਗੈਸ ਦੀ ਕੋਈ ਘਾਟ ਨਹੀਂ ਏ । ਉਨ੍ਹਾਂ ਦੱਸਿਆ ਕਿ ਲਗਾਤਾਰ ਜਹਾਜ਼ਾਂ ਰਾਹੀਂ ਸਪਲਾਈ ਆ ਰਹੀ ਏ , ਇਸ ਲਈ ਲੋਕਾਂ ਨੂੰ ਕਿਸੇ ਵੀ ਕਿਸਮ ਦੀ ਚਿੰਤਾ ਕਰਨ ਦੀ ਲੋੜ ਨਹੀਂ।

ਉਨ੍ਹਾਂ ਕਿਹਾ IBYTE:RNU290326

-----------------------------------------------------------------------------

ਹਲਵਾਰਾ ਹਵਾਈ ਅੱਡੇ ਤੋਂ ਉਡਾਣਾਂ 10 ਤੋਂ 15 ਮਈ ਦਰਮਿਆਨ ਸ਼ੁਰੂ ਹੋ ਜਾ ਰਹੀਆਂ ਨੇ। ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਸੋਸ਼ਲ ਮੀਡਿਆ ਤੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਇਹ ਸਿਰਫ਼ ਇੱਕ ਪ੍ਰੋਜੈਕਟ ਨਹੀਂ, ਸਗੋਂ ਲੁਧਿਆਣਾ ਵਾਸੀਆਂ ਨਾਲ ਕੀਤਾ ਹੋਇਆ ਇੱਕ ਵਾਅਦਾ ਏ। ਊਨਾ ਕਿਹਾ ਕਿ ਪਿਛਲੇ 10 ਸਾਲਾਂ ਤੋਂ ਬਾਅਦ ਅੱਜ ਜਦੋਂ ਇਹ ਸੁਪਨਾ ਸੱਚ ਹੋਇਆ ਏ, ਤਾਂ ਉਨ੍ਹਾਂ ਨੂੰ ਬਹੁਤ ਖੁਸ਼ੀ ਹੋਈ ਏ। ਹਲਵਾਰਾ ਹਵਾਈ ਅੱਡੇ ਦੀ ਸ਼ੁਰੂਆਤ ਨਾਲ ਲੁਧਿਆਣਾ ਵਾਸੀਆਂ ਅਤੇ ਨੇੜਲੇ ਸ਼ਹਿਰਾਂ ਲਈ ਤਰੱਕੀ ਦੇ ਨਵੇਂ ਰਾਹ ਖੁੱਲ੍ਹਣਗੇ। ਉਨ੍ਹਾਂ ਇਸ ਤੋਹਫ਼ੇ ਲਈ ਕੇਂਦਰ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਨੇ ਇਸ ਪ੍ਰੋਜੈਕਟ ਨੂੰ ਮੁਕੰਮਲ ਕਰਕੇ ਇਲਾਕਾ ਨਿਵਾਸੀਆਂ ਦੀ ਚਿਰੋਕਣੀ ਮੰਗ ਪੂਰੀ ਕੀਤੀ ਏ।

-----------------------------------------------------------------------------

ਸਾਬਕਾ ਸੰਸਦ ਮੈਂਬਰ ਅਤੇ ਪੰਜਾਬ BJP ਦੇ ਸਾਬਕਾ ਪ੍ਰਧਾਨ ਸ਼ਵੇਤ ਮਲਿਕ ਨੇ ਕਿਹਾ ਕਿ ਭਾਰਤ ਦੁਨੀਆ ਦੀ ਸਭ ਤੋਂ ਵੱਡੀ ਅਰਥਵਿਵਸਥਾ ਬਣਨ ਦੇ ਰਾਹ 'ਤੇ ਏ ਅਤੇ ਇਸਦਾ ਸਿਹਰਾ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੂੰ ਜਾਂਦਾ ਏ।

ਅੱਜ ਜਲੰਧਰ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਉਸ ਸਮੇਂ ਹੋਰ ਵੀ ਪ੍ਰਭਾਵਸ਼ਾਲੀ ਸਾਬਤ ਹੋਈ ਜਦੋਂ ਦੁਨੀਆ ਕਈ ਚੁਣੌਤੀਆਂ ਨਾਲ ਜੂਝ ਰਹੀ ਸੀ। ਇਨ੍ਹਾਂ ਮੁਸ਼ਕਲ ਹਾਲਾਤ ਵਿੱਚ, ਉਨ੍ਹਾਂ ਨੇ ਨਾ ਸਿਰਫ਼ ਭਾਰਤ ਨੂੰ ਸੁਰੱਖਿਅਤ ਰੱਖਿਆ ਬਲਕਿ ਇਸਨੂੰ ਤਰੱਕੀ ਵੱਲ ਵੀ ਵਧਾਇਆ। ਸ੍ਰੀ ਮਲਿਕ ਨੇ ਕਿਹਾ ਕਿ ਮੋਦੀ ਸਰਕਾਰ ਨੇ ਸ਼ਕਤੀ ਨੂੰ ਸੇਵਾ ਦੇ ਸਾਧਨ ਵਿੱਚ ਬਦਲ ਦਿੱਤਾ ਏ । ਸ੍ਰੀ ਮਲਿਕ ਨੇ ਹੁਣ ਤਕ  ਦੇ ਕਾਰਜਕਾਲ ਦੌਰਾਨ ਮੋਦੀ ਸਰਕਾਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਸਰਕਾਰ ਨੇ ਚੰਗੇ ਸ਼ਾਸਨ, ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਲੋਕ ਭਲਾਈ ਯੋਜਨਾਵਾਂ ਰਾਹੀਂ 2026 ਤੱਕ ਭਾਰਤ ਵਿੱਚ "ਸੁਨਹਿਰੀ ਯੁੱਗ" ਦੀ ਬੁਨਿਆਦ ਰੱਖੀ ਏ । 'ਸਬਕਾ ਸਾਥ, ਸਬਕਾ ਵਿਕਾਸ, ਸਬਕਾ ਵਿਸ਼ਵਾਸ ਅਤੇ ਸਬਕਾ ਪ੍ਰਯਾਸ ' ਦੇ ਮੰਤਰ ਨਾਲ, ਸਰਕਾਰ ਨੇ ਡਿਜੀਟਲ ਕ੍ਰਾਂਤੀ, ਮਜ਼ਬੂਤ ਰੱਖਿਆ ਨੀਤੀ, ਗਰੀਬ ਕਲਿਆਣ ਰਿਹਾਇਸ਼, ਸਿਹਤ ਅਤੇ ਆਤਮ -ਨਿਰਭਰ ਭਾਰਤ ਰਾਹੀਂ ਦੇਸ਼ ਨੂੰ ਨਵੀਆਂ ਉਚਾਈਆਂ 'ਤੇ ਪਹੁੰਚਾਇਆ ਏ । ਇਸ ਮੌਕੇ BJP ਪੰਜਾਬ ਦੇ ਜਨਰਲ ਸਕੱਤਰ ਰਾਕੇਸ਼ ਰਾਠੌਰ, ਜ਼ਿਲ੍ਹਾ BJP ਜਨਰਲ ਸਕੱਤਰ ਅਸ਼ੋਕ ਸਰੀਨ ਹਿੱਕੀ ਅਤੇ ਹੋਰ ਮੌਜੂਦ ਸਨ।

-----------------------------------------------------------------------

ਕੇਂਦਰ ਸਰਕਾਰ ਦੀ ਪਹਿਲ 'ਏਕ ਭਾਰਤ ਸ਼੍ਰੇਸ਼ਠ ਭਾਰਤ' ਤਹਿਤ ਪੰਜਾਬ ਦੇ ਨੌਜਵਾਨ ਮਾਮਲਿਆਂ ਬਾਰੇ ਵਿਭਾਗ ਵਲੋ ਕਸ਼ਮੀਰ ਦੇ ਛੇ ਜ਼ਿਲ੍ਹਿਆਂ ਤੋਂ ਵੱਖ ਵੱਖ ਸਕੂਲਾਂ ਕਾਲਜਾਂ ਦੇ 120 ਨੌਜਵਾਨ ਮੁੰਡੇ ਕੁੜੀਆਂ ਅਤੇ 12 ਟੀਮ ਲੀਡਰਾਂ ਨੂੰ ਪੰਜਾਬ ਦੇ ਸੱਭਿਆਚਾਰ, ਵਿਰਸੇ ਅਤੇ ਹੋਰ ਜਾਣਕਾਰੀ ਦੇਣ ਲਈ 24 ਤੋਂ 29 ਮਾਰਚ ਤਕ "ਕਸ਼ਮੀਰ ਯੂਥ ਐਕਸਚੇਂਜ ਪ੍ਰੋਗਰਾਮ" ਕਰਵਾਇਆ ਗਿਆ। ਇਸਦੀ ਅਗਵਾਈ ਲੁਧਿਆਣਾ ਦੀ ਡਿਪਟੀ ਡਾਇਰੈਕਟਰ ਯੁਵਾ ਮਹਿਕਮਾ ਅਤੇ ਪ੍ਰੋਗਰਾਮ ਦੀ ਸੂਬਾ ਇੰਚਾਰਜ ਰਸ਼ਮੀਤ ਕੌਰ ਅਤੇ ਮੁਹਾਲੀ ਦੀ ਜ਼ਿਲ੍ਹਾ ਯੁਵਾ ਅਧਿਕਾਰੀ ਇਸ਼ਾ ਗੁਪਤਾ ਨੇ ਕੀਤੀ । ਇਹਨਾਂ ਛੇ ਦਿਨਾਂ ਚ ਵੱਖ ਵੱਖ ਥਾਵਾਂ, ਇਤਹਾਸਿਕ ਅਤੇ ਸੈਰ ਸਪਾਟੇ ਵਾਲੀਆਂ ਥਾਵਾਂ ਤੇ ਲਿਜਾਇਆ ਗਿਆ। ਇਸ ਨਾਲ ਇਹਨਾਂ ਬੱਚਿਆਂ ਨੂੰ ਭਾਰਤ ਦੇ ਹੋਰ ਹਿੱਸਿਆਂ ਚ ਚਲ ਰਹੀਆਂ ਗਤੀਵਿਧੀਆਂ, ਸਨਅਤੀ ਵਿਕਾਸ, ਵਿਦਿਆ ਦੇ ਪਸਾਰ ਅਤੇ ਸੱਭਿਆਚਾਰ ਬਾਰੇ ਗਿਆਨ ਚ ਵਾਧਾ ਹੋਇਆ। ਆਕਾਸ਼ਵਾਣੀ ਜਲੰਧਰ ਨਾਲ ਗੱਲਬਾਤ ਕਰਦਿਆਂ ਕਸ਼ਮੀਰੀ ਬੱਚਿਆਂ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕੇਂਦਰ ਸਰਕਾਰ ਦਾ ਧਨਵਾਦ ਕੀਤਾ।

BYTE:RNU290326

---

ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸਾਬਕਾ ਕੈਬਨਿਟ ਮੰਤਰੀ ਲਾਲ

ਸਿੰਘ ਦਾ ਅੰਤਿਮ ਸਸਕਾਰ ਅੱਜ ਪਟਿਆਲਾ ਵਿਖੇ ਵੀਰ ਜੀ ਸ਼ਮਸ਼ਾਨ ਘਾਟ ਵਿਖੇ ਸਰਕਾਰੀ ਸਨਮਾਨਾਂ ਨਾਲ ਕੀਤਾ ਗਿਆ । ਚਿਤਾ ਨੂੰ ਅਗਨੀ ਓਹਨਾ ਦੇ ਸਪੁੱਤਰ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਨੇ ਦਿੱਤੀ । ਪੁਲਿਸ ਦੀ ਟੁਕੜੀ ਨੇ ਉਨ੍ਹਾਂ ਨੂੰ ਸਲਾਮੀ ਦਿੱਤੀ । ਓਹਨਾ ਨੂੰ ਅੰਤਿਮ ਵਿਦਾਇਗੀ ਦੇਣ ਲਈ ਕਾਂਗਰਸ ਪੰਜਾਬ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਪਟਿਆਲਾ ਦੇ ਮੈਂਬਰ ਪਾਰਲੀਮੈਂਟ ਡਾਕਟਰ ਧਰਮਵੀਰ ਗਾਂਧੀ, ਸਾਬਕਾ ਕੇਂਦਰੀ ਰਾਜ ਮੰਤਰੀ ਪਰਨੀਤ ਕੌਰ, ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਸਮੇਤ ਸਮਾਜਿਕ, ਰਾਜਨੀਤਿਕ ਤੇ ਧਾਰਮਿਕ ਹਸਤੀਆਂ ਪਹੁੰਚੀਆਂ ।

---------------------------------------------------------------------------------

ਜਬਰ-ਜਨਾਹ ਮਾਮਲੇ ਤਹਿਤ ਗ੍ਰਿਫਤਾਰ ਸਨੌਰ ਤੋਂ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਨੂੰ ਇੱਕ ਵਾਰ ਫੇਰ ਪਟਿਆਲਾ ਅਦਾਲਤ ਨੇ 7 ਦਿਨ ਦੇ ਪੁਲਿਸ ਰਿਮਾਂਡ 'ਤੇ ਭੇਜ ਦਿੱਤਾ ਏ । ਪਟਿਆਲਾ ਪੁਲਿਸ ਨੇ ਪਠਾਣਮਾਜਰਾ ਨੂੰ ਅੱਜ ਚਾਰ ਦਿਨਾ ਦਾ ਪੁਲਿਸ ਰਿਮਾਂਡ ਖਤਮ ਹੋਣ 'ਤੇ ਪਟਿਆਲਾ ਅਦਾਲਤ ਚ ਪੇਸ਼ ਕੀਤਾ, ਜਿੱਥੇ ਅਦਾਲਤ ਨੇ ਦਲੀਲਾਂ ਸੁਣਨ ਤੋਂ ਬਾਅਦ ਪਠਾਣਮਾਜਰਾ ਦਾ 7 ਦਿਨ ਦਾ ਪੁਲਿਸ ਰਿਮਾਂਡ ਦਿੱਤਾ ਤੇ ਹੁਣ ਅਗਲੇ ਐਤਵਾਰ ਨੂੰ ਫਿਰ ਤੋਂ ਉਸਨੂੰ ਅਦਾਲਤ ਚ ਪੇਸ਼ ਕੀਤਾ ਜਾਵੇਗਾ

------------------------------------------------------------------------

ਯੁਗਾਂਤਾ ਗਲੋਬਲ ਯੂਥ ਫੈਡਰੇਸ਼ਨ ਇੰਡੀਆ ਵਲੋਂ ਚੰਡੀਗੜ੍ਹ ਦੇ ਸੈਕਟਰ 42 ਸਥਿਤ ਪੋਸਟ ਗ੍ਰੈਜੂਏਟ ਗਵਰਨਮੈਂਟ ਕਾਲਜ ਫੌਰ ਗਰਲਸ ਦੇ ਸਹਿਯੋਗ ਨਾਲ ਕੌਮਾਂਤਰੀ ਯੁਵਾ ਕਨਕਲੇਵ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਉਦੇਸ਼ ਨੌਜਵਾਨਾਂ ਨੂੰ ਆਲਮੀ ਅਵਸਰਾਂ ਨਾਲ ਜੋੜਨਾ ਅਤੇ ਅੰਤਰਰਾਸ਼ਟਰੀ ਸ਼ਮੂਲੀਅਤ ਨੂੰ ਵਧਾਉਣਾ ਸੀ। ਰਸ਼ੀਅਨ ਹਾਊਸ, ਨਵੀਂ ਦਿੱਲੀ ਦੇ ਚੀਫ਼ ਕੋਆਰਡੀਨੇਟਰ ਅਨਾਸ-ਤਾਸੀਆ ਇਲ-ਯੂਸ਼ਿਨਾ ਨੇ ਨੌਜਵਾਨਾਂ ਨੂੰ ਅੰਤਰਰਾਸ਼ਟਰੀ ਸਿੱਖਿਆ, ਸੱਭਿਆਚਾਰਕ ਅਦਾਨ-ਪ੍ਰਦਾਨ ਅਤੇ ਵਿਸ਼ੇਸ਼ ਤੌਰ 'ਤੇ ਰੂਸ ਵਿੱਚ ਉਪਲਬਧ ਕਰੀਅਰ ਦੇ ਅਵਸਰਾਂ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ। ਇਹ ਪ੍ਰੋਗਰਾਮ ਸਟੇਟ ਲਾਇਜ਼ਨਿੰਗ ਅਫ਼ਸਰ NSS ਡਾ. ਨੇਮੀ ਚੰਦ, ਚੰਡੀਗੜ੍ਹ ਪ੍ਰਸ਼ਾਸਨ ਉੱਚ ਸਿੱਖਿਆ ਵਿਭਾਗ ਅਤੇ ਜ਼ਿਲ੍ਹਾ ਯੁਵਾ ਅਧਿਕਾਰੀ ਵਿਨੈ ਕੁਮਾਰ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ। ਇਸ ਕਨਕਲੇਵ ਦੌਰਾਨ ਫੈਡਰੇਸ਼ਨ ਅਤੇ ਕਾਲਜ ਦਰਮਿਆਨ ਇੱਕ ਸਮਝੌਤਾ ਪੱਤਰ 'ਤੇ ਹਸਤਾਖਰ ਵੀ ਕੀਤੇ ਗਏ । ਇਹ ਸਮਝੌਤੇ ਦੇ ਤਹਿਤ ਦੋਹਾਂ ਸੰਸਥਾਵਾਂ ਮਿਲ ਕੇ ਵਿਦਿਆਰਥੀਆਂ ਅਤੇ ਨੌਜਵਾਨਾਂ ਦੇ ਵਿਕਾਸ ਅਤੇ ਸਸ਼ਕਤੀਕਰਣ ਲਈ ਕਾਰਜ ਕਰਨਗੀਆਂ,ਉਨ੍ਹਾਂ ਨੂੰ ਨਵੇਂ ਅਵਸਰ ਪ੍ਰਦਾਨ ਕਰਨਗੀਆਂ ਅਤੇ ਲੀਡਰਸ਼ਿਪ ਸਮਰੱਥਾ ਤੇ ਕੌਸ਼ਲ

ਵਿਕਾਸ ਲਈ ਮੰਚ ਉਪਲਬਧ ਕਰਵਾਉਣਗੀਆਂ। ਇਸ ਪ੍ਰੋਗਰਾਮ ਵਿੱਚ ਚੰਡੀਗੜ੍ਹ ਦੇ 200 ਤੋਂ ਵੱਧ ਐੱਨਐੱਸਐੱਸ ਵਲੰਟੀਅਰ, ਮੇਰਾ ਯੁਵਾ ਭਾਰਤ ਵਲੰਟੀਅਰ ਅਤੇ ਵਿਦਿਆਰਥੀਆਂ ਨੇ ਹਿੱਸਾ ਲਿਆ।

---------------------------------------------------------------------------------

IPL ਕ੍ਰਿਕਟ ਵਿੱਚ, ਮੁੰਬਈ ਇੰਡੀਅਨਜ਼ ਦਾ ਮੁਕਾਬਲਾ ਅੱਜ ਸ਼ਾਮ ਮੁੰਬਈ ਦੇ ਵਾਨਖੇੜੇ ਸਟੇਡੀਅਮ ਵਿੱਚ ਕੋਲਕਾਤਾ ਨਾਈਟ ਰਾਈਡਰਜ਼ ਨਾਲ ਹੋਵੇਗਾ। ਦੋਵੇਂ ਟੀਮਾਂ ਨਵੇਂ ਸੀਜ਼ਨ ਵਿੱਚ ਆਪਣੀ ਮੁਹਿੰਮ ਦੀ ਸ਼ੁਰੂਆਤ ਕਰਨਗੀਆਂ। ਇਹ ਮੈਚ ਸ਼ਾਮ ਸਾਢੇ 7 ਵਜੇ ਸ਼ੁਰੂ ਹੋਵੇਗਾ।

---------------------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਆਕਾਸ਼ਵਾਣੀ ‘ਤੇ "ਮਨ ਕੀ ਬਾਤ" ਪ੍ਰੋਗਰਾਮ ‘ਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਪੱਛਮੀ ਏਸ਼ੀਆ ਦੀ ਸਥਿਤੀ 'ਤੇ ਚਿੰਤਾ ਜ਼ਾਹਿਰ ਕੀਤੀ- ਉਨ੍ਹਾਂ ਲੋਕਾਂ ਨੂੰ ਸਮੂਹਿਕ ਤੌਰ 'ਤੇ ਇਸ ਚੁਣੌਤੀ ਦਾ ਸਾਹਮਣਾ ਕਰਨ ਦੀ ਕੀਤੀ ਅਪੀਲ।

    - ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਕਿਹਾ - ਹਲਵਾਰਾ ਹਵਾਈ ਅੱਡੇ ਤੋਂ ਉਡਾਣਾਂ 10 ਤੋਂ 15 ਮਈ ਦਰਮਿਆਨ ਸ਼ੁਰੂ ਹੋਣ ਦੀ ਉਮੀਦ I

- ਏਕ ਭਾਰਤ ਸ੍ਰੇਸ਼ਠ ਭਾਰਤ' ਤਹਿਤ ਕਸ਼ਮੀਰ ਦੇ ਛੇ ਜ਼ਿਲ੍ਹਿਆਂ ਤੋਂ ਨੌਜਵਾਨਾਂ ਨੂੰ ਪੰਜਾਬੀ ਸੱਭਿਆਚਾਰ ਤੋਂ ਜਾਣੂ ਕਰਵਾਉਣ ਲਈ, ਕਸ਼ਮੀਰ ਯੂਥ ਐਕਸਚੇਂਜ ਪ੍ਰੋਗਰਾਮ" ਦਾ ਆਯੋਜਨ।
- ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸਾਬਕਾ ਕੈਬਨਿਟ ਮੰਤਰੀ ਲਾਲ ਸਿੰਘ ਦਾ ਅੰਤਿਮ ਸਸਕਾਰ ਅੱਜ ਪਟਿਆਲਾ ਵਿਖੇ ਸਰਕਾਰੀ ਸਨਮਾਨਾਂ ਨਾਲ ਕੀਤਾ ਗਿਆ I
- IPL ਕ੍ਰਿਕਟ ਵਿੱਚ, ਮੁੰਬਈ ਇੰਡੀਅਨਜ਼ ਦਾ ਮੁਕਾਬਲਾ ਅੱਜ ਸ਼ਾਮ ਸਾਢੇ 7 ਵਜੇ ਕੋਲਕਾਤਾ ਨਾਈਟ ਰਾਈਡਰਜ਼ ਨਾਲ ਹੋਵੇਗਾ I

***ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ'ਤੇ ਨਮਸਕਾਰ !***